# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 15-08-2024**

- ਦੇਸ਼ ਅੱਜ ਆਪਣਾ 78ਵਾਂ ਆਜ਼ਾਦੀ ਦਿਵਸ ਮਨਾ ਰਿਹਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਜ਼ਾਦੀ ਦਿਵਸ ਮਨਾਉਣ ‘ਚ ਦੇਸ਼ ਦੀ ਅਗਵਾਈ ਕਰਦਿਆਂ, ਲਾਲ ਕਿਲੇ ਦੀ ਫਸੀਲ ਤੋਂ ਦੇਸ਼ ਨੂੰ ਸੰਬੋਧਨ ਕੀਤਾ ।
- ਪ੍ਰਧਾਨ ਮੰਤਰੀ ਨੇ ਭਾਰਤ ਨੂੰ, ਨਿਰਮਾਣ, ਸੈਮੀ-ਕੰਡਕਟਰ ਉਤਪਾਦਨ, ਗੇਮਿੰਗ ਅਤੇ ਡਿਜ਼ਾਈਨਿੰਗ ਦੇ ਖੇਤਰਾਂ ਵਿੱਚ ਵਿਸ਼ਵ ਦਾ ਮੋਹਰੀ ਮੁਲਕ ਬਣਾਉਣ 'ਤੇ ਜ਼ੋਰ ਦਿੱਤਾ।
- ਪ੍ਰਧਾਨ ਮੰਤਰੀ ਨੇ ਔਰਤਾਂ ਖਿਲਾਫ ਹਿੰਸਾ ਦੇ ਵਧਦੇ ਮਾਮਲਿਆਂ 'ਤੇ ਚਿੰਤਾ ਪ੍ਰਗਟ ਕੀਤੀ ਅਤੇ ਕਿਹਾ- ਅਪਰਾਧੀਆਂ ਨੂੰ ਜਲਦੀ ਤੋਂ ਜਲਦੀ ਸਜ਼ਾ ਮਿਲਣੀ ਚਾਹੀਦੀ ਏ ।
- ਪੰਜਾਬ ਵਿੱਚ ਵੀ ਆਜ਼ਾਦੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ । ਜਲੰਧਰ ‘ਚ ਹੋਏ ਰਾਜ ਪਧਰੀ ਸਮਾਗਮ ‘ਚ

ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ, ਵਾਤਾਵਰਣ ਦੀ ਰਾਖੀ ਲਈ ਪੰਜਾਬੀਆਂ ਨੂੰ ਲੋਕ ਲਹਿਰ ਚਲਾਉਣ ਦਾ ਸੱਦਾ ਦਿੱਤਾ।

-----------------------------------------------------------

ਅੱਜ ਰਾਸ਼ਟਰ ਆਪਣਾ 78ਵਾਂ ਆਜ਼ਾਦੀ ਦਿਵਸ ਮਨਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ ਆਜ਼ਾਦੀ ਦਾ ਜਸ਼ਨ ਮਨਾਉਣ ‘ਚ ਰਾਸ਼ਟਰ ਦੀ ਅਗਵਾਈ ਕੀਤੀ। ਓਹਨਾਂ ਲਾਲ ਕਿਲੇ ਦੀ ਫਸੀਲ ‘ਤੇ ਰਾਸ਼ਟਰੀ ਝੰਡਾ ਲਹਿਰਾਇਆ ਅਤੇ ਦੇਸ਼ ਨੂੰ ਸੰਬੋਧਨ ਕੀਤਾ। ਆਪਣੇ ਸੰਬੋਧਨ ਵਿੱਚ, ਪ੍ਰਧਾਨ ਮੰਤਰੀ ਨੇ ਸੈਮੀਕੰਡਕਟਰ ਉਤਪਾਦਨ ਵਿੱਚ ਵਿਸ਼ਵ ਲੀਡਰਸ਼ਿਪ ਪ੍ਰਾਪਤ ਕਰਨ, ਦਰਾਮਦ 'ਤੇ ਨਿਰਭਰਤਾ ਘਟਾਉਣ ਅਤੇ ਤਕਨਾਲੋਜੀ ਵਿੱਚ ਸਵੈ-ਨਿਰਭਰਤਾ ਨੂੰ ਵਧਾਉਣ ਲਈ ਭਾਰਤ ਦੀ ਵਚਨਬੱਧਤਾ ਦਾ ਜ਼ਿਕਰ ਕੀਤਾ। ਪ੍ਰਧਾਨ ਮੰਤਰੀ ਨੇ ਭਵਿੱਖ ਦੇ ਟੀਚਿਆਂ ਬਾਰੇ ਵਿਸਥਾਰ ਵਿੱਚ ਦੱਸਿਆ, ਜੋ ਭਾਰਤ ਦੇ ਵਿਕਾਸ ਦੀ ਦਿਸ਼ਾ ਨਿਰਧਾਰਤ ਕਰਨਗੇ। ਉਨ੍ਹਾਂ ਨਿਰਮਾਣ, ਗੇਮਿੰਗ ਅਤੇ ਡਿਜ਼ਾਈਨਿੰਗ ਸਮੇਤ ਵੱਖ-ਵੱਖ ਖੇਤਰਾਂ ਵਿੱਚ ਦੇਸ਼ ਨੂੰ ਇੱਕ ਆਲਮੀ ਨੇਤਾ ਵਜੋਂ ਸਥਾਪਿਤ ਕਰਨ ਲਈ ਨਵੀਨਤਾ ਦੀ ਲੋੜ 'ਤੇ ਜ਼ੋਰ ਦਿੱਤਾ। ਪ੍ਰਧਾਨ ਮੰਤਰੀ ਨੇ ਭਰੋਸਾ ਜਤਾਇਆ ਕਿ ਜੇਕਰ ਦੇਸ਼ ਦੇ 140 ਕਰੋੜ ਲੋਕ ਅਹਿਦ ਲੈ ਲੈਣ ਅਤੇ ਇੱਕ ਦਿਸ਼ਾ ਵਿੱਚ ਇਕੱਠੇ ਹੋ ਜਾਣ ਤਾਂ ਭਾਰਤ, ਸਾਰੀਆਂ ਰੁਕਾਵਟਾਂ ਨੂੰ ਪਾਰ

ਕਰਕੇ 2047 ਤੱਕ ਵਿਕਸਿਤ ਭਾਰਤ' ਬਣ ਜਾਵੇਗਾ। ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਮਹਾਨ ਸ਼ਖਸੀਅਤਾਂ ਨੂੰ ਸਲਾਮ ਕਰਨ ਦਾ ਮੌਕਾ ਏ ਜੋ ਰਾਸ਼ਟਰ ਦੀ ਰੱਖਿਆ, ਪੂਰੀ ਤਨਦੇਹੀ ਨਾਲ ਇਸ ਦੇ ਨਿਰਮਾਣ ਅਤੇ ਦੇਸ਼ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਲਈ ਸਮਰਪਿਤ ਨੇ। ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਬਹੁਤ ਸਾਰੇ ਸਟਾਰਟਅੱਪ ਇਸ ਸੈਕਟਰ ਵਿੱਚ ਦਾਖਲ ਹੋ ਰਹੇ ਨੇ। ਉਨ੍ਹਾਂ ਕਿਹਾ ਕਿ ਭਾਰਤ ਨੂੰ ਇੱਕ ਸ਼ਕਤੀਸ਼ਾਲੀ ਰਾਸ਼ਟਰ ਬਣਾਉਣ ਲਈ ਪੁਲਾੜ ਖੇਤਰ ਇੱਕ ਜ਼ਰੂਰੀ ਤੱਤ ਏ। ਉਨ੍ਹਾਂ ਕਿਹਾ ਕਿ ਸਰਕਾਰ ਲੰਮੀ  ਮਿਆਦ ਦੀ ਯੋਜਨਾ ਬਣਾ ਕੇ ਇਸ ਸੈਕਟਰ ਨੂੰ ਮਜ਼ਬੂਤ ਬਣਾ ਰਹੀ ਏ। ਸ੍ਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ, ਜੋ ਕਦੇ ਦਹਿਸ਼ਤਗਰਦ ਹਮਲਿਆਂ ਦਾ ਸ਼ਿਕਾਰ ਸੀ, ਹੁਣ ਦਲੇਰ ਅਤੇ ਮਜ਼ਬੂਤ ਹੋ ਗਿਆ ਏ।  ਸ੍ਰੀ ਮੋਦੀ ਨੇ ਕਿਹਾ ਕਿ ਪਿਛਲੇ 10 ਸਾਲਾਂ ਵਿੱਚ 10 ਕਰੋੜ ਔਰਤਾਂ, ਸਵੈ-ਸਹਾਇਤਾ ਸਮੂਹਾਂ ਵਿੱਚ ਸ਼ਾਮਲ ਹੋਈਆਂ ਅਤੇ ਮਾਲੀ ਤੌਰ 'ਤੇ ਆਜ਼ਾਦੀ ਹੋਈਆਂ। ਉਨ੍ਹਾਂ ਕਿਹਾ ਕਿ ਜਦੋਂ ਔਰਤਾਂ ਆਰਥਿਕ ਤੌਰ 'ਤੇ ਆਜ਼ਾਦੀ ਹੋ ਜਾਂਦੀਆਂ ਨੇ, ਤਾਂ ਉਹ ਸਮਾਜਿਕ ਬਦਲਾਅ ਵੱਲ ਲੈ ਕੇ ਜਾਣ ਵਾਲੇ ਪਰਿਵਾਰ ਵਿੱਚ ਫੈਸਲਾ ਲੈਣ ਦੇ ਸਿਲਸਿਲੇ ਦਾ ਹਿੱਸਾ ਬਣ ਬਣਦੀਆਂ ਨੇ। ਪ੍ਰਧਾਨ ਮੰਤਰੀ ਨੇ ਔਰਤਾਂ ਖਿਲਾਫ  ਹਿੰਸਾ ਅਤੇ ਅਪਰਾਧਾਂ ਦੇ ਵਧਦੇ ਮਾਮਲਿਆਂ 'ਤੇ ਵੀ ਚਿੰਤਾ ਪ੍ਰਗਟਾਈ।  ਉਨ੍ਹਾਂ ਕਿਹਾ ਕਿ ਅਪਰਾਧੀਆਂ ਨੂੰ ਸਜ਼ਾਵਾਂ ਦਾ ਵਿਆਪਕ

ਪੱਧਰ 'ਤੇ ਪ੍ਰਚਾਰ ਕੀਤਾ ਜਾਣਾ ਚਾਹੀਦਾ ਏ ਤਾਂ ਜੋ ਲੋਕ ਅਜਿਹੇ ਘਿਨਾਉਣੇ ਅਪਰਾਧ ਕਰਨ ਤੋਂ ਡਰਨ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਅਗਲੇ ਪੰਜ ਸਾਲਾਂ ਵਿੱਚ ਦੇਸ਼ ਵਿੱਚ 75 ਹਜ਼ਾਰ ਨਵੀਆਂ ਮੈਡੀਕਲ ਸੀਟਾਂ ਸ਼ਾਮਲ ਕੀਤੀਆਂ ਜਾਣਗੀਆਂ ਤੇ ਇਸ ਨਾਲ ਦੇਸ਼ ਵਿੱਚ ਮੈਡੀਕਲ ਸਿੱਖਿਆ ਤੱਕ ਪਹੁੰਚ ਵਧੇਗੀ।

-----------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਮੂਹ ਪੰਜਾਬੀਆਂ ਨੂੰ ਮਹਾਨ ਗੁਰੂ ਸਹਿਬਾਨ ਦੀਆਂ ਸਿੱਖਿਆਵਾਂ ’ਤੇ ਚੱਲਦਿਆਂ ਦੂਸ਼ਿਤ ਹੋ ਰਹੇ ਵਾਤਾਵਰਣ ਦੀ ਰੋਕਥਾਮ ਲਈ ਵਿਆਪਕ ਲੋਕ ਲਹਿਰ ਚਲਾਉਣ ਦਾ ਸੱਦਾ ਦਿੱਤਾ। ਅੱਜ ਜਲੰਧਰ ਸਥਿਤ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ 78ਵੇਂ ਆਜ਼ਾਦੀ ਦਿਹਾੜੇ ਮੌਕੇ ਰਾਜ ਪੱਧਰੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣ ਤੋਂ ਬਾਅਦ ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਨੇ ਕੌਮੀ ਆਜ਼ਾਦੀ ਸੰਘਰਸ਼ ਵਿੱਚ ਪੰਜਾਬੀਆਂ ਦੇ ਲਾਮਿਸਾਲ ਯੋਗਦਾਨ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਆਜ਼ਾਦੀ ਅੰਦੋਲਨ ਦੌਰਾਨ ਪੰਜਾਬੀਆਂ ਨੇ ਸਭ ਤੋਂ ਵੱਧ ਕੁਰਬਾਨੀਆਂ ਕੀਤੀਆਂ ਨੇ। ਉਨ੍ਹਾਂ ਕਿਹਾ ਕਿ ਇਨ੍ਹਾਂ ਦਿਨਾਂ ਵਿੱਚ ਪ੍ਰਦੂਸ਼ਣ ਨੂੰ ਰੋਕਣਾ ਗੰਭੀਰ ਚੁਣੌਤੀ ਏ ਜਿਸ ਕਰਕੇ ਹਰੇਕ ਪੰਜਾਬੀ ਨੂੰ ਇਸ ਸਮੱਸਿਆ ਤੋਂ ਮੁਕਤੀ ਪਾਉਣ ਲਈ ਵਧ-ਚੜ੍ਹ ਕੇ ਯੋਗਦਾਨ

ਪਾਉਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਵਾਤਾਵਰਣ ਦੀ ਰਾਖੀ ਲਈ ਵਿਆਪਕ ਲਹਿਰ ਆਰੰਭਣੀ ਚਾਹੀਦੀ ਏ  ਤਾਂ ਜੋ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰਦੂਸ਼ਣ ਮੁਕਤ ਵਾਤਾਵਰਣ ਦੇ ਸਕੀਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ ਅਤੇ ਪੰਜਾਬ ਛੇਤੀ ਹੀ ਹਰਿਆ-ਭਰਿਆ ਅਤੇ ਪ੍ਰਦੂਸ਼ਣ ਤੋਂ ਮੁਕਤ ਹੋਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਖਿਲਾਫ਼ ਸਖ਼ਤ ਕਾਰਵਾਈ ਆਰੰਭੀ ਹੋਈ ਹੈ ਅਤੇ ਇਸ ਸਬੰਧ ਵਿੱਚ ਕਿਸੇ ਕਿਸਮ ਦਾ ਲਿਹਾਜ਼ ਨਹੀਂ ਵਰਤਿਆ ਜਾਵੇਗਾ। ਇਸ ਤੋਂ ਪਹਿਲਾਂ ਸਕੂਲ ਵਿਦਿਆਰਥੀਆਂ ਦੇ ਰੰਗਾਂਰੰਗ ਪ੍ਰੋਗਰਾਮ ਨੇ ਸਮਾਂ ਬੰਨ੍ਹਿਆ ਅਤੇ  ਗੱਤਕਾ, ਗਿੱਧਾ, ਭੰਗੜਾ ਤੇ ਹੋਰ ਰਿਵਾਇਤੀ ਲੋਕ ਨਾਚ ਪੇਸ਼ ਕਰਕੇ ਦਰਸ਼ਕਾਂ ਦਾ ਮਨ ਮੋਹਿਆ। ਮੁੱਖ ਮੰਤਰੀ ਨੇ, ਦੋ ਆਜ਼ਾਦੀ ਘੁਲਾਟੀਆਂ ਪ੍ਰੇਮ ਸਾਗਰ ਅਤੇ ਦੇਵ ਵਰਤ ਸ਼ਰਮਾ ਤੋਂ ਇਲਾਵਾ ਸ਼ਹੀਦ ਸੈਨਿਕਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਿਤ ਕੀਤਾ ਅਤੇ ਲੋੜਵੰਦ ਔਰਤਾਂ ਨੂੰ ਸਿਲਾਈ ਮਸ਼ੀਨਾਂ ਤੇ ਦਿਵਿਆਂਗ ਵਿਅਕਤੀਆਂ ਨੂੰ ਟਰਾਈ ਸਾਈਕਲ ਵੀ ਵੰਡੇ।

------------------------------------------------------------

ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਵੀ ਆਜ਼ਾਦੀ ਦਿਹਾੜੇ ਦਾ ਰੰਗ ਤੇ

ਉਤਸ਼ਵ ਵੇਖਣ ਨੂੰ ਮਿਲਿਆ । ਬਠਿੰਡਾ ਦੇ ਸ਼ਹੀਦ ਭਗਤ ਸਿੰਘ ਬਹੁ ਮੰਤਵੀ ਖੇਡ ਸਟੇਡੀਅਮ ਵਿਖੇ ਕੌਮੀ ਤਿਰੰਗਾ ਲਹਿਰਾਉਣ ਉਪਰੰਤ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਜਿਨ੍ਹਾਂ ਆਜ਼ਾਦੀ ਦੇ ਪਰਵਾਨਿਆਂ ਦੇ ਬਲੀਦਾਨ ਸਦਕਾ ਸਾਨੂੰ ਆਜ਼ਾਦੀ ਦਿਹਾੜਾ ਮਨਾਉਣਾ ਨਸੀਬ ਹੋਇਆ ਏ, ਉਨ੍ਹਾਂ ਫ਼ਰਿਸ਼ਤਿਆਂ ਨੂੰ ਉਹ ਆਪਣੀ ਸ਼ਰਧਾ ਭੇਂਟ ਕਰਦੇ ਨੇ । ਇਸ ਤੋਂ ਪਹਿਲਾਂ ਕੁਲਤਾਰ ਸਿੰਘ ਸੰਧਵਾਂ ਨੇ ਸ਼ਾਨਦਾਰ ਪ੍ਰੇਡ ਦਾ ਨਿਰੀਖਣ ਕੀਤਾ ਅਤੇ ਮਾਰਚ ਪਾਸਟ ਤੋਂ ਸਲਾਮੀ ਵੀ ਲਈ। ਜ਼ਿਲ੍ਹਾ ਬਰਨਾਲਾ ਦੇ ਬਾਬਾ ਕਾਲਾ ਮਹਿਰ ਬਹੁ ਮੰਤਵੀ ਸਟੇਡੀਅਮ ਵਿਖੇ ਡਾ. ਬਲਜੀਤ ਕੌਰ, ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਨੇ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੇ ਅਪਣੀ ਜਿੰਦ ਜਾਨ ਵਾਰ ਕੇ ਇਹ ਆਜ਼ਾਦੀ ਹਾਸਿਲ ਕੀਤੀ ਏ ਅਤੇ ਇਸ ਨੂੰ ਸੰਭਾਲ ਕੇ ਰੱਖਣਾ ਸਾਡਾ ਫਰਜ਼ ਏ । ਇਸ ਮੌਕੇ 12 ਵਿਭਾਗਾਂ ਨੇ ਆਪਣੀ ਪ੍ਰਾਪਤੀਆਂ ਨੂੰ ਦਰਸਾਉਂਦੀ ਝਾਕੀਆਂ ਪੇਸ਼ ਕੀਤੀਆਂ । ਸਕੂਲੀ ਬੱਚਿਆਂ ਵੱਲੋਂ ਪੀ. ਟੀ. ਸ਼ੋਅ ਅਤੇ ਰੰਗਾ ਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ । ਓਧਰ ਪਠਾਨਕੋਟ ਵਿੱਚ ਭਾਰੀ ਬਰਸਾਤ ਦੇ ਵਿੱਚ ਆਜ਼ਾਦੀ ਦਿਵਸ ਸਮਾਗਮ ਮਲਟੀਪਲ ਸਪੋਰਟਸ ਸਟੇਡੀਅਮ ਲਮੀਨੀ ਵਿਖੇ ਬੜੇ ਉਤਸ਼ਾਹ ਦੇ ਨਾਲ ਮਨਾਇਆ ਗਿਆ। ਕੈਬਿਨੇਟ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਨੇ ਕੌਮੀ

ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ । ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਅਤੇ ਸ਼ਹੀਦ ਊਧਮ ਸਿੰਘ ਜੀ ਸ਼ਖਸੀਅਤਾਂ ਦੇ ਬਲਦਾਨ ਸਦਕਾ ਹੀ ਅੱਜ ਅਸੀਂ ਆਜ਼ਾਦੀ ਦਾ ਮਾਣ ਮਾਨ ਰਹੇ ਹਾਂ। ਉਹਨਾਂ ਕਿਹਾ ਕਿ ਸ਼ਹੀਦਾਂ ਨੂੰ ਯਾਦ ਰੱਖਣਾ ਹਰੇਕ ਨਾਗਰਿਕ ਦਾ ਫਰਜ਼ ਏ । ਸਕੂਲਾਂ ਦੇ ਬੱਚਿਆਂ ਨੇ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ। ਮੋਹਾਲੀ ਵਿਖੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸ਼ਹੀਦ ਮੇਜਰ ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ ਵਿਖੇ ਤਿਰੰਗਾ ਲਹਿਰਾਇਆ। ਉਨ੍ਹਾਂ ਆਜ਼ਾਦੀ ਘੁਲਾਟੀਆਂ ਅਤੇ ਅੱਤਵਾਦ ਘਟਨਾਵਾਂ ਚ ਸ਼ਹੀਦ ਹੋਏ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਸਨਮਾਨਿਤ ਕੀਤਾ ਤੇ ਟਰਾਈ ਸਾਈਕਲ ਵੀ ਵੰਡੇ । ਬਾਰਿਸ਼ ਦੇ ਬਾਵਜੂਦ ਜਵਾਨਾਂ ਦਾ ਉਤਸ਼ਾਹ ਬਰਕਾਰ ਰਿਹਾ। ਇਸੇ ਤਰਾਂ ਫਰੀਦਕੋਟ ਰੂਪਨਗਰ ਸਮੇਤ ਹੋਰਨਾਂ ਜ਼ਿਲਿਆਂ ਵਿਚ ਵੀ ਆਜ਼ਾਦੀ ਦਿਹਾੜਾ ਬੜੇ ਉਤਸਾਹ ਨਾਲ ਮਨਾਇਆ ਗਿਆ ।

---------------------------------------------------------------

ਆਕਾਸ਼ਵਾਣੀ ਜਲੰਧਰ ਦੇ ਵਿਹੜੇ ਵਿਚ ਆਜ਼ਾਦੀ ਦਿਵਸ ਸਮਾਗਮ ਅੱਜ ਪੂਰੇ ਉਤਸ਼ਾਹ, ਖੁਸ਼ੀਆਂ ਤੇ ਚਾਵਾਂ ਨਾਲ ਮਨਾਇਆ ਗਿਆ। ਆਕਾਸ਼ਵਾਣੀ ਦੀ ਰਵਾਇਤ ਮੁਤਾਬਕ ਇਸ ਸਾਲ ਸੇਵਾਮੁਕਤ ਹੋਣ ਵਾਲੇ ਅਧਿਕਾਰਿਆਂ ਤੇ ਕਰਮਚਾਰੀਆਂ ਨੇ ਤਿਰੰਗਾ ਝੰਡਾ

ਲਹਿਰਾਉਣ ਦੀ ਰਸਮ ਨਿਭਾਈ। ਇਨਾਂ ਵਿਚ ਖੇਤਰੀ ਸਮਾਚਾਰ ਯੂਨਿਟ ਦੇ ਡਿਪਟੀ ਡਾਇਰੈਕਟਰ ਸਮਾਚਾਰ ਤੇ ਯੂਨਿਟ ਦੇ ਮੁਖੀ ਸ਼ਿਸ਼ੂ ਸ਼ਰਮਾ ਸ਼ਾਂਤਲ, ਸੀਨੀਅਰ ਟੈਕਨੀਸ਼ੀਅਨ ਜਤਿੰਦਰ ਸਿੰਘ, ਅਨਾਉਂਸਰ ਪ੍ਰਵੇਸ਼ ਕੁਮਾਰ ਅਤੇ ਸਹਾਇਕ ਇੰਜੀਨਿਅਰ ਮਨ ਜਿੰਦਰਜੀਤ ਸਿੰਘ ਸ਼ਾਮਲ ਰਹੇ। ਕੇਂਦਰ ਦੇ ਮੁਖੀ ਡਿਪਟੀ ਡਾਇਰੈਕਟਰ ਜਨਰਲ ਇੰਜੀਨੀਅਰਿੰਗ ਰਣਜੀਤ ਸਿੰਘ ਮੀਣਾ ਵੀ ਉਨਾਂ ਨਾਲ ਮੌਜੂਦ ਰਹੇ। ਪੰਜਾਬ ਪੁਲਿਸ ਦੀ ਇਕ ਟੁਕੜੀ ਨੇ ਤਿਰੰਗੇ ਝੰਡੇ ਨੂੰ ਸਲਾਮੀ ਦਿੱਤੀ। ਆਪਣੇ ਸੰਬੋਧਨ ਵਿਚ ਡਿਪਟੀ ਡਾਇਰੈਕਟਰ ਜਨਰਲ ਇੰਜੀਨੀਅਰਿੰਗ ਰਣਜੀਤ ਸਿੰਘ ਮੀਣਾ ਨੇ ਆਜ਼ਾਦੀ ਲਈ ਜਾਨਾਂ ਵਾਰਨ ਵਾਲੇ ਸ਼ਹੀਦਾਂ ਨੂੰ ਨਿੱਘੀ ਸ਼ਰਧਾਂਜਲੀ ਦਿੱਤੀ। ਇਸ ਮੌਕੇ ਤੇ ਦੇਸ਼ਭਕਤੀ ਦੇ ਗੀਤਾਂ ਤੇ ਆਧਾਰਤ ਸ਼ਾਨਦਾਰ ਰੰਗਾਰੰਗ ਪ੍ਰੋਗਰਾਮ ਸਾਰਿਆਂ ਦੀ ਖਿੱਚ ਦਾ ਕੇਂਦਰ ਬਣਿਆ ਜਦਕਿ ਗਿਦੇ ਤੇ ਭੰਗੜੇ ਦੀ ਖੂਬਸੂਰਤ ਪੇਸ਼ਕਾਰੀ ਨੇ ਖੂਬ ਸਮਾਂ ਬਨਿਆ। ਰਣਜੀਤ ਮੀਣਾ, ਪ੍ਰੋਗਰਾਮ ਮੁਖੀ ਪਰਮਜੀਤ ਸਿੰਘ ਅਤੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀ ਅਨਿਲ ਕੁਮਾਰ ਸੰਧੂ ਨੇ ਰੰਗਾਰੰਗ ਪ੍ਰੋਗਰਾਮ ਵਿਚ ਹਿੱਸਾ ਲੈਣ ਵਾਲੇ ਕਲਾਕਾਰਾਂ ਨੂੰ ਯਾਦਗਾਰੀ ਚਿਨ੍ਹ ਦੇ ਕੇ ਸਨਮਾਨਤ ਕੀਤਾ। ਪ੍ਰੋਗਰਾਮ ਅਧਿਕਾਰੀ ਪ੍ਰਤਿਸ਼ਠਾ ਜੈਨ ਅਤੇ ਅਨਾਉਂਸਰ ਸੁਖਜੀਤ ਤੇ ਬੀਰ ਬਰਿੰਦਰ ਸਿੰਘ ਵਲੋਂ ਇਸ ਪ੍ਰੋਗਰਾਮ ਨੂੰ ਕਾਮਯਾਬੀ ਨਾਲ ਨੇਪਰੇ ਚਾੜਣ ਵਿਚ ਵਿਸ਼ੇਸ਼ ਯੋਗਦਾਨ ਰਿਹਾ। ਆਕਾਸ਼ਵਾਣੀ ਦੇ

ਅਧਿਕਾਰਿਆਂ, ਕਰਮਚਾਰੀਆਂ ਤੇ ਉਨਾਂ ਦੇ ਪਰਿਵਾਰਕ ਮੈਂਬਰਾਂ ਨੇ ਇਸ ਪ੍ਰੋਗਰਾਮ ਦਾ ਖ਼ੂਬ ਆਨੰਦ ਮਾਣਿਆ।

-------------------------------------------------------

ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਮੰਤਰੀ ਅਨਮੋਲ ਗਗਨ ਮਾਨ ਨੇ ਕਿਹਾ ਏ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਤੋਂ ਮਿਊਜੀਅਮ ਤੱਕ ਹੈਰੀਟੇਜ ਸਟਰੀਟ ਬਣਾਉਣ ਦਾ ਕੰਮ ਜਲਦ ਸ਼ੁਰੂ ਕੀਤਾ ਜਾਵੇਗਾ। ਉਹ ਅੱਜ ਖਟਕੜ ਕਲਾਂ ਵਿਖੇ ਸ਼ਹੀਦ ਭਗਤ ਸਿੰਘ ਦੇ ਮਿਊਜੀਅਮ ਵਿਖੇ ਸਿੱਖ ਇੰਪਾਇਅਰ ਪ੍ਰਦਰਸ਼ਨੀ ਦਾ ਉਦਘਾਟਨ ਕਰਨ ਮੌਕੇ ਪੋਹੰਚੇ ਹੋਏ ਸਨ।